**ਪਉੜੀ ॥ ਸਭ ਜੋਤਿ ਤੇਰੀ ਜਗਜੀਵਨਾ ਤੂ ਘਟਿ ਘਟਿ ਹਰਿ ਰੰਗ ਰੰਗਨਾ ॥ ਸਭਿ ਧਿਆਵਹਿ ਤੁਧੁ ਮੇਰੇ ਪ੍ਰੀਤਮਾ ਤੂ ਸਤਿ ਸਤਿ ਪੁਰਖ ਨਿਰੰਜਨਾ ॥ ਇਕੁ ਦਾਤਾ ਸਭੁ ਜਗਤੁ ਭਿਖਾਰੀਆ ਹਰਿ ਜਾਚਹਿ ਸਭ ਮੰਗ ਮੰਗਨਾ ॥ ਸੇਵਕੁ ਠਾਕੁਰੁ ਸਭੁ ਤੂਹੈ ਤੂਹੈ ਗੁਰਮਤੀ ਹਰਿ ਚੰਗ ਚੰਗਨਾ ॥ ਸਭਿ ਕਹਹੁ ਮੁਖਹੁ ਰਿਖੀਕੇਸੁ ਹਰੇ ਰਿਖੀਕੇਸੁ ਹਰੇ ਜਿਤੁ ਪਾਵਹਿ ਸਭ ਫਲ ਫਲਨਾ ॥੨॥ {ਪੰਨਾ 1313}**

ਪਦ ਅਰਥ:- ਸਭ—ਸਾਰੀ ਸ੍ਰਿਸ਼ਟੀ ਵਿਚ। ਜੋਤਿ—ਨੂਰ। ਜਗਜੀਵਨਾ—ਹੇ ਜਗਤ ਦੇ ਜੀਵਨ-ਦਾਤੇ! ਘਟਿ ਘਟਿ—ਹਰੇਕ ਸਰੀਰ ਵਿਚ। ਰੰਗ ਰੰਗਨਾ—(ਪ੍ਰੇਮ ਦੀ) ਰੰਗਣ ਚਾੜ੍ਹਨ ਵਾਲਾ। ਸਭਿ—ਸਾਰੇ ਜੀਵ। ਸਤਿ—ਸਦਾ ਕਾਇਮ ਰਹਿਣ ਵਾਲਾ। ਪੁਰਖ—ਹੇ ਸਰਬ-ਵਿਆਪਕ! ਨਿਰੰਜਨ—ਹੇ ਨਿਰਲੇਪ! ਸਭੁ—ਸਾਰਾ। ਜਾਚਹਿ—ਮੰਗਦੇ ਹਨ। ਸਭ ਮੰਗ—ਹਰੇਕ ਮੰਗ, ਹਰੇਕ ਲੋੜ। ਚੰਗ ਚੰਗਨਾ—ਬਹੁਤ ਹੀ ਚੰਗਾ, ਬਹੁਤ ਹੀ ਪਿਆਰਾ। ਰਿਖੀਕੇਸੁ—(ਰਿਖੀਕ-ਈਸ਼) ਇੰਦ੍ਰਿਆਂ ਦਾ ਮਾਲਕ ਪ੍ਰਭੂ। ਜਿਤੁ—ਜਿਸ (ਹਰਿ-ਨਾਮ) ਦੀ ਰਾਹੀਂ।

ਅਰਥ:- ਹੇ ਜਗਤ ਦੇ ਜੀਵਨ ਪ੍ਰਭੂ! ਸਾਰੀ ਸ੍ਰਿਸ਼ਟੀ ਵਿਚ ਤੇਰਾ ਹੀ ਨੂਰ (ਚਾਨਣ ਕਰ ਰਿਹਾ ਹੈ), ਤੂੰ ਹਰੇਕ ਸਰੀਰ ਵਿਚ (ਮੌਜੂਦ ਹੈਂ ਤੇ ਆਪਣੇ ਨਾਮ ਦੀ) ਰੰਗਣ ਚਾੜ੍ਹਨ ਵਾਲਾ ਹੈਂ। ਹੇ ਮੇਰੇ ਪ੍ਰੀਤਮ! ਸਾਰੇ ਜੀਵ ਤੈਨੂੰ (ਹੀ) ਸਿਮਰਦੇ ਹਨ। ਹੇ ਸਰਬ-ਵਿਆਪਕ (ਤੇ ਫਿਰ ਭੀ) ਨਿਰਲੇਪ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ। ਹੇ ਪ੍ਰਭੂ! ਤੂੰ ਹੀ ਦਾਤਾ ਦੇਣ ਵਾਲਾ ਹੈਂ, ਸਾਰਾ ਜਗਤ (ਤੇਰੇ ਦਰ ਦਾ) ਮੰਗਤਾ ਹੈ। ਹੇ ਹਰੀ! ਹਰੇਕ ਮੰਗ (ਜੀਵ ਤੈਥੋਂ ਹੀ) ਮੰਗਦੇ ਹਨ। ਤੂੰ ਆਪ ਹੀ ਮਾਲਕ ਹੈਂ। ਹੇ ਹਰੀ! ਗੁਰੂ ਦੀ ਮਤਿ ਉਤੇ ਤੁਰਿਆ ਤੂੰ ਬਹੁਤ ਪਿਆਰਾ ਲੱਗਦਾ ਹੈਂ।

ਹੇ ਭਾਈ! ਪਰਮਾਤਮਾ (ਸਾਰੇ) ਇੰਦ੍ਰਿਆਂ ਦਾ ਮਾਲਕ ਹੈ, ਤੁਸੀ ਸਾਰੇ ਆਪਣੇ ਮੂੰਹੋਂ ਉਸ ਦੀ ਸਿਫ਼ਤਿ-ਸਾਲਾਹ ਕਰੋ, ਉਸ ਦਾ ਨਾਮ ਜਪੋ, ਉਸ ਦੇ ਨਾਮ ਦੀ ਬਰਕਤਿ ਨਾਲ ਹੀ (ਜੀਵ) ਸਾਰੇ ਫਲ ਪ੍ਰਾਪਤ ਕਰਦੇ ਹਨ।2।